# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :23-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ‘ਚ ਚਲ ਰਹੇ ਟਕਰਾਅ 'ਤੇ ਅੱਜ ਲੋਕ ਸਭਾ ਵਿੱਚ ਬਿਆਨ ਦਿੱਤਾ. ਓਹਨਾਂ ਕਿਹਾ ਕਿ  ਟਕਰਾਅ ਦੇ ਬਾਵਜੂਦ ਭਾਰਤ ਵਿੱਚ ਕੋਈ ਊਰਜਾ ਸੁਰੱਖਿਆ ਸੰਕਟ ਨਹੀਂ ਏ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਦੇ ਖੁਦਕੁਸ਼ੀ ਮਾਮਲੇ ਦੀ CBI ਜਾਂਚ ਦਾ ਵਾਅਦਾ ਕੀਤਾ ਏ.
- ਦੇਸ਼ ਅੱਜ ਭਾਰਤ ਦੀ ਆਜ਼ਾਦੀ ਦੀ ਜੰਗ ਦੇ ਆਪਣੇ ਤਿੰਨ ਮਹਾਨ ਸ਼ਹੀਦਾਂ - ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਿਵਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ - ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ. ਪੰਜਾਬ ‘ਚ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਅੱਜ ਪੰਜਾਬ 'ਚ ਸੂਬਾ ਪਧਰੀ ਸਮਾਗਮ ਫ਼ਿਰੋਜ਼ਪੁਰ ਵਿਖੇ ਹੋਇਆ.

- ਪੰਜਾਬ ਦੇ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ 25 ਹੋਣਹਾਰ ਵਿਦਿਆਰਥੀਆਂ ਨੂੰ ਭਾਰਤੀ ਪੁਲਾੜ ਖੋਜ ਸੰਸਥਾ ਦੇ ਪ੍ਰਮੁੱਖ ਕੇਂਦਰ ਸਪੇਸ ਐਪਲੀਕੇਸ਼ਨ ਸੈਂਟਰ ਦੇ ਦੌਰੇ ਲਈ ਰਵਾਨਾ ਕੀਤਾ ਗਿਆ।
- ਪੰਜਾਬ 40 ਸਾਲਾਂ ਬਾਅਦ, ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰੇਗਾ।

## ਹੁਣ ਖ਼ਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪੱਛਮੀ ਏਸ਼ੀਆ ‘ਚ ਚੱਲ ਰਹੇ ਸੰਘਰਸ਼ ਦੇ ਬਾਵਜੂਦ ਭਾਰਤ ਵਿੱਚ ਕੋਈ ਊਰਜਾ ਸੁਰੱਖਿਆ ਸੰਕਟ ਨਹੀਂ ਏ। ਪੱਛਮੀ ਏਸ਼ੀਆ ‘ਚ ਚਲ ਰਹੇ ਟਕਰਾਅ 'ਤੇ ਅੱਜ ਲੋਕ ਸਭਾ ਵਿੱਚ ਬਿਆਨ ਦਿੰਦਿਆਂ ਇਸ ਮੁੱਦੇ 'ਤੇ ਭਾਰਤ ਦੀ ਸਥਿਤੀ ਦੀ ਵਿਆਖਿਆ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ, ਦੇਸ਼ ਭਰ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਸਪਲਾਈ ਸੁਚਾਰੂ ਬਣੀ ਹੋਈ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਰਤ ਕੋਲ 50 ਲਖ ਮੀਟ੍ਰਿਕ ਟਨ ਤੋਂ ਵੱਧ ਰਣਨੀਤਕ ਪੈਟਰੋਲੀਅਮ ਭੰਡਾਰ ਨੇ. ਸ਼੍ਰੀ ਮੋਦੀ ਨੇ ਸਦਨ ਨੂੰ ਦੱਸਿਆ ਕਿ ਦੇਸ਼ 65 ਲਖ ਮੀਟ੍ਰਿਕ ਟਨ ਤੋਂ ਵੱਧ ਵਾਧੂ ਭੰਡਾਰ ਲਈ ਪ੍ਰਬੰਧਾਂ 'ਤੇ ਵੀ ਕੰਮ ਕਰ ਰਿਹਾ ਏ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਿਛਲੇ ਗਿਆਰਾਂ ਸਾਲਾਂ

ਵਿੱਚ, ਦੇਸ਼ ਦੀ ਤੇਲ ਸੋਧ ਸਮਰੱਥਾ ਵਿੱਚ ਕਾਫ਼ੀ ਵਾਧਾ ਹੋਇਆ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ, ਸਰਕਾਰ ਵੱਖ-ਵੱਖ ਦੇਸ਼ਾਂ ਦੇ ਸਪਲਾਇਰਾਂ ਨਾਲ ਨਿਰੰਤਰ ਸੰਪਰਕ ਵਿੱਚ ਏ ਅਤੇ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਏ ਕਿ ਜਿੱਥੇ ਵੀ ਸੰਭਵ ਹੋਵੇ ਸਰੋਤਾਂ ਤੋਂ ਤੇਲ ਅਤੇ ਗੈਸ ਦੀ ਸਪਲਾਈ ਜਾਰੀ ਰਹੇ-

BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ, ਇਹ ਟਕਰਾਅ ਤਿੰਨ ਹਫ਼ਤਿਆਂ ਤੋਂ ਵੱਧ ਸਮੇਂ ਤੋਂ ਚੱਲ ਰਿਹਾ ਏ, ਅਤੇ ਇਸਦਾ ਵਿਸ਼ਵਵਿਆਪੀ ਆਰਥਿਕਤਾ ਅਤੇ ਲੋਕਾਂ ਦੇ ਜੀਵਨ 'ਤੇ ਗੰਭੀਰ ਪ੍ਰਭਾਵ ਪੈ ਰਿਹਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਗੰਭੀਰ ਸਥਿਤੀ ਵਿੱਚ, ਦੇਸ਼ ਅਤੇ ਵਿਦੇਸ਼ਾਂ ਵਿੱਚ ਭਾਰਤੀਆਂ ਦੀ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਰਹੀ ਏ । ਉਨ੍ਹਾਂ ਕਿਹਾ ਕਿ ਸਰਕਾਰ ਸੰਵੇਦਨਸ਼ੀਲ, ਸੁਚੇਤ ਅਤੇ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ .ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਆਪਣੀ LPG ਜ਼ਰੂਰਤ ਦਾ 60 ਫੀਸਦੀ ਦਰਾਮਦ ਕਰਦਾ ਏ । ਉਨ੍ਹਾਂ ਕਿਹਾ ਕਿ ਸਪਲਾਈ ਵਿੱਚ ਅਨਿਸ਼ਚਿਤਤਾਵਾਂ ਦੇ ਕਾਰਨ, ਸਰਕਾਰ ਨੇ ਘਰੇਲੂ ਵਰਤੋਂ ਲਈ LPG ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਇਸਦੇ ਉਤਪਾਦਨ ਨੂੰ ਵਧਾਉਣ ਲਈ

ਵੀ ਕੰਮ ਕੀਤਾ ਏ। ਉਨ੍ਹਾਂ ਕਿਹਾ ਕਿ ਸਰਕਾਰ ਨੇ ਇੱਕ ਅੰਤਰ-ਮੰਤਰਾਲਾ ਸਮੂਹ ਬਣਾਇਆ ਏ ਜੋ ਦਰਾਮਦ ਅਤੇ ਬਰਾਮਦ ਵਿੱਚ ਚੁਣੌਤੀਆਂ ਦਾ ਮੁਲੰਕਣ ਕਰਨ ਅਤੇ ਜ਼ਰੂਰੀ ਹੱਲਾਂ 'ਤੇ ਕੰਮ ਕਰਨ ਲਈ ਰੋਜ਼ਾਨਾ ਮੀਟਿੰਗ ਕਰਦਾ ਏ. ਪ੍ਰਧਾਨ ਮੰਤਰੀ ਨੇ ਕਿਹਾ, ਦੇਸ਼ ਦੇ ਕਿਸਾਨਾਂ ਨੇ ਇਹ ਯਕੀਨੀ ਬਣਾਇਆ ਏ ਕਿ ਦੇਸ਼ ਦੇ ਅਨਾਜ ਭੰਡਾਰ ਚੰਗੀ ਤਰ੍ਹਾਂ ਭੰਡਾਰ ਹੋਣ। ਉਨ੍ਹਾਂ ਕਿਹਾ, ਸੀਜ਼ਨ ਦੌਰਾਨ ਸਹੀ ਬਿਜਾਈ ਨੂੰ ਯਕੀਨੀ ਬਣਾਉਣ ਲਈ ਵੀ ਯਤਨ ਕੀਤੇ ਜਾ ਰਹੇ ਨੇ. ਸ੍ਰੀ ਮੋਦੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹਾਲ ਹੀ ਦੇ ਸਾਲਾਂ ਵਿੱਚ, ਸਰਕਾਰ ਨੇ ਖਾਦਾਂ ਲਈ ਢੁਕਵੇਂ ਪ੍ਰਬੰਧ ਕੀਤੇ ਨੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਸ਼ਵਵਿਆਪੀ ਸੰਕਟਾਂ ਦਾ ਬੋਝ ਕਿਸਾਨਾਂ 'ਤੇ ਨਾ ਪਵੇ।

---------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੰਮ੍ਰਿਤਸਰ ਵਿੱਚ, ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਮਾਮਲੇ ਦੀ CBI ਜਾਂਚ ਦਾ ਵਾਅਦਾ ਕੀਤਾ ਏ, ਜੇਕਰ ਪੰਜਾਬ ਦੇ ਸੰਸਦ ਮੈਂਬਰ ਇਸ ਮਾਮਲੇ ਵਿੱਚ ਲਿਖਤੀ ਪ੍ਰਤੀਨਿਧਤਾ ਦਿੰਦੇ ਨੇ।

BYTE

ਅੱਜ ਲੋਕ ਸਭਾ ਵਿੱਚ ਸਿਫ਼ਰ ਕਾਲ ਦੌਰਾਨ, ਪੰਜਾਬ ਤੋਂ ਬੀਜੇਪੀ ਅਤੇ ਕਾਂਗਰਸ ਦੇ ਸੰਸਦ ਮੈਂਬਰਾਂ ਰਵਨੀਤ ਸਿੰਘ ਬਿੱਟੂ ਅਤੇ ਗੁਰਜੀਤ ਸਿੰਘ ਔਜਲਾ ਨੇ ਇਹ ਮਾਮਲਾ ਚੁਕਿਆ। ਸ਼੍ਰੀ ਸ਼ਾਹ ਨੇ ਕਿਹਾ ਕਿ ਪੰਜਾਬ ਦੇ ਸਾਰੇ ਸੰਸਦ ਮੈਂਬਰ CBI ਜਾਂਚ ਦੀ ਮੰਗ ਲਿਖਤੀ ਰੂਪ ਵਿੱਚ ਪੇਸ਼ ਕਰ ਸਕਦੇ ਨੇ, ਜਿਸ ਨੂੰ ਉਹ ਉਠਾਉਣਗੇ। ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਸੰਸਦ ਮੈਂਬਰਾਂ ਨੇ ਸੰਸਦ ਵਿੱਚ ਮ੍ਰਿਤਕ ਅਤੇ ਉਸਦੇ ਪਰਿਵਾਰਕ ਮੈਂਬਰਾਂ ਦੇ ਇੱਕ ਵੀਡੀਓ ਅਤੇ ਬਿਆਨਾਂ ਨੂੰ ਉਜਾਗਰ ਕੀਤਾ, ਜਿਸ ਵਿੱਚ ਵੇਅਰਹਾਊਸਿੰਗ ਅਧਿਕਾਰੀ ਰੰਧਾਵਾ ਨੇ ਕਥਿਤ ਤੌਰ 'ਤੇ ਪੰਜਾਬ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਖੁਦਕੁਸ਼ੀ ਦੇ ਆਪਣੇ ਕਦਮ ਲਈ ਜ਼ਿੰਮੇਵਾਰ ਠਹਿਰਾਇਆ ਸੀ। ਉਨ੍ਹਾਂ ਨੇ 20 ਮਾਰਚ ਦੀ ਸਵੇਰ ਨੂੰ ਖੁਦਕੁਸ਼ੀ ਕੀਤੀ ਸੀ। ਇਸ ਤੋਂ ਪਹਿਲਾਂ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਸੇ ਦਿਨ ਮੰਤਰੀ ਦਾ ਅਸਤੀਫਾ ਲੈ ਲਿਆ ਸੀ ਅਤੇ ਪੰਜਾਬ ਦੇ ਮੁੱਖ ਸਕੱਤਰ ਨੂੰ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਸਨ।

ਹਾਲਾਂਕਿ, ਬੀਜੇਪੀ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਸਮੇਤ ਸੂਬੇ ਦੀਆਂ ਸਾਰੀਆਂ ਪ੍ਰਮੁੱਖ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੇ ਮੁੱਖ ਸਕੱਤਰ ਤੋਂ ਨਹੀਂ ਸਗੋਂ CBI ਤੋਂ ਨਿਰਪੱਖ ਜਾਂਚ ਦੀ ਮੰਗ ਕੀਤੀ। ਖੁਦਕੁਸ਼ੀ ਤੋਂ ਇੱਕ ਦਿਨ ਬਾਅਦ, 21 ਮਾਰਚ ਦੀ ਰਾਤ ਨੂੰ ਪੁਲਿਸ ਨੇ ਮੰਤਰੀ ਵਿਰੁੱਧ

FIR ਦਰਜ ਕਰ ਲਈ ਸੀ। ਇਸ ਦੌਰਾਨ, ਇਹ ਪਤਾ ਲੱਗਾ ਏ ਕਿ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਪੰਜਾਬ ਪੁਲਿਸ ਨੇ ਅੱਜ ਮੰਡੀ ਗੋਬਿੰਦਗੜ੍ਹ ਤੋਂ ਗ੍ਰਿਫ਼ਤਾਰ ਕਰ ਲਿਆ ਏ ਅਤੇ ਉਨ੍ਹਾਂ ਨੂੰ ਕੱਲ੍ਹ ਅੰਮ੍ਰਿਤਸਰ ਦੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

---

ਦੇਸ਼ ਅੱਜ ਭਾਰਤ ਦੀ ਆਜ਼ਾਦੀ ਦੀ ਜੰਗ ਦੇ ਆਪਣੇ ਤਿੰਨ ਮਹਾਨ ਸ਼ਹੀਦਾਂ - ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਿਵਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ - ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ, ਜਿਨ੍ਹਾਂ ਨੂੰ 1931 ਵਿੱਚ ਅੱਜ ਦੇ ਹੀ ਦਿਨ ਕੇਂਦਰੀ ਜੇਲ੍ਹ ਲਾਹੌਰ ਵਿੱਚ ਫਾਂਸੀ ਦਿੱਤੀ ਗਈ ਸੀ।ਇਨ੍ਹਾਂ ਤਿੰਨਾਂ ਕ੍ਰਾਂਤੀਕਾਰੀਆਂ 'ਤੇ 17 ਦਸੰਬਰ, 1928 ਨੂੰ ਬਰਤਾਨਵੀ ਪੁਲਿਸ ਅਫਸਰ ਸਾਂਡਰਸ ਨੂੰ ਗੋਲੀ ਮਾਰ ਕੇ ਕਤਲ ਕਰਨ ਦਾ ਇਲ੍ਜ਼ਾਮ ਸੀ। ਸੰਸਦ ਦੇ ਦੋਵਾਂ ਸਦਨਾਂ ਨੇ ਅੱਜ ਆਜ਼ਾਦੀ ਘੁਲਾਟੀਆਂ ਅਤੇ ਕ੍ਰਾਂਤੀਕਾਰੀਆਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਂਟ ਕੀਤੀ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਇਨ੍ਹਾਂ ਬਹਾਦਰ ਯੋਧਿਆਂ ਨੇ ਛੋਟੀ ਉਮਰ ਵਿੱਚ ਹੀ ਦੇਸ਼ ਦੀ ਆਜ਼ਾਦੀ ਲਈ ਸਰ੍ਬੁਚ ਕੁਰਬਾਨੀ ਦਿੱਤੀ। ਉਨ੍ਹਾਂ ਕਿਹਾ ਕਿ ਅਸੀਂ ਇਨ੍ਹਾਂ ਮਹਾਨ ਸਪੂਤਾਂ ਦੀ ਸ਼ਹਾਦਤ ਨੂੰ ਸਲਾਮ ਕਰਦੇ ਹਾਂ। ਇਹਨਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਅੱਜ ਪੰਜਾਬ 'ਚ  ਸੂਬਾ ਪਧਰੀ

ਸਮਾਗਮ ਫ਼ਿਰੋਜ਼ਪੁਰ ਵਿਖੇ ਹੋਇਆ. ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੋਰਨਾਂ ਨਾਲ ਰਲ ਕੇ ਅਮਰ ਸ਼ਹੀਦ ਭਗਤ ਸਿੰਘ , ਰਾਜਗੁਰੂ ਤੇ ਸੁਖਦੇਵ ਨੂੰ ਨਮਨ ਕੀਤਾ. ਇਸ ਮੌਕੇ ਓਹਨਾਂ ਇਕਠ ਨੂੰ ਸੰਬੋਧਨ ਵੀ ਕੀਤਾ . ਆਪਣੇ ਸੰਬੋਧਨ 'ਚ ਮੁਖ ਮੰਤਰੀ ਨੇ ਕਿਹਾ ਕਿ ਭਾਵੇਂ ਇਹ ਸ਼ਹੀਦ ਛੋਟੀ ਉਮਰ 'ਚ ਸ਼ਹਾਦਤ ਦੇ ਗਏ ਪਰ ਓਹਨਾਂ ਦੀ ਸੋਚ ਬਹੁਤ ਵੱਡੀ ਸੀ. ਓਹਨਾਂ ਕਿਹਾ ਕਿ ਜੇਕਰ ਅਸੀਂ ਸ਼ਹੀਦਾਂ ਦੀ ਸੋਚ ਨੂੰ ਨਾਲ ਲੈ ਕੇ ਚਲਿਏ ਤਾਂ ਪੰਜਾਬ ਸੂਬੇ ਨੂੰ ਸੋਨੇ ਦੀ ਚਿੜ੍ਹੀ ਬਣਾਇਆ ਜਾ ਸਕਦਾ ਏ. ਓਹਨਾਂ ਨੇ ਸ਼ਹੀਦੀ ਦੇ ਇਸ ਦਿਨ ਨੂੰ ਸੰਕਲਪ ਦਿਨ ਵਜੋਂ ਮਨਾਉਣ ਦਾ ਵੀ ਸੱਦਾ ਦਿੱਤਾ. ਓਹਨਾਂ ਇਹ ਵੀ ਕਿਹਾ ਕਿ ਜਿਵੇਂ ਮੋਹਾਲੀ ਵਾਲੇ ਹਵਾਈ ਅੱਡੇ ਦਾ ਨਾਂ ਸ਼ਹੀਦ ਭਗਤ ਸਿੰਘ ਦੇ ਨਾਂ 'ਤੇ ਰਖਿਆ ਗਿਆ ਓਵੇਂ ਹੀ ਹਲਵਾਰਾ ਹਵਾਈ ਅੱਡੇ ਦਾ ਨਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਹਵਾਈ ਅੱਡਾ ਰਖਿਆ ਜਾਏਗਾ.

BYTE

ਇਸ ਤੋਂ ਬਾਅਦ ਮੁਖ ਮੰਤਰੀ ਨੇ ਖਟਕਲ ਕਲਾਂ 'ਚ ਵੀ ਸ਼ਹੀਦ ਭਗਤ ਸਿੰਘ ਯਾਦਗਾਰ ਵਿਖੇ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ. ਓਹਨਾਂ ਤਿੰਨਾ ਮਹਾਨ ਸ਼ਹੀਦਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਿਵਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ ਨੂੰ ਨਮਨ ਕੀਤਾ. ਇਸ ਤੋਂ ਬਾਅਦ ਮੁਖ

ਮੰਤਰੀ ਨੇ ਇਕ ਇਕਠ ਦੌਰਾਨ ਖਟਕਲ ਕਲਾਂ ਵਿਖੇ 141 ਲਖ ਨਾਲ ਬਣਨ ਵਾਲੇ ਇਨਡੋਰ ਸਟੇਡੀਅਮ ਅਤੇ 160 ਲਖ ਨਾਲ ਬਣਨ ਵਾਲੇ ਖੇਡ ਮੈਦਾਨ ਦਾ ਨੀਂਹ ਪਥਰ ਰਖਿਆ . ਇਸ ਮੌਕੇ ਸ਼ਹੀਦ ਭਗਤ ਸਿੰਘ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ.

-----------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਲਈ ਕਪੂਰਥਲਾ ਜਿਲ੍ਹੇ ਦੇ 25 ਪਿੰਡਾਂ ਨੂੰ ਪਾਣੀ ਵਾਲੀਆਂ 25 ਟੈਂਕੀਆਂ ਦਿੱਤੀਆਂ ਨੇ। ਅੱਜ ਸੁਲਤਾਨਪੁਰ ਲੋਧੀ ਤੋਂ ਇੰਨ੍ਹਾਂ 25 ਟੈਂਕੀਆਂ ਨੂੰ ਰਵਾਨਾ ਕਰਦਿਆ, ਸੰਤ ਸੀਚੇਵਾਲ ਨੇ ਕਿਹਾ ਕਿ ਇਹ ਸਮਾਗਮ, ਸ਼ਹੀਦ ਏ ਅਜ਼ਾਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸਮਰਪਿਤ ਸੀ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਅਸਲ ਵਿੱਚ ਵਿਸ਼ਵ ਜਲ ਦਿਵਸ ਮੌਕੇ ਇਹ ਪਾਣੀ ਵਾਲੀਆਂ ਟੈਂਕੀਆਂ ਦਿੱਤੀਆਂ ਜਾਣੀਆ ਸਨ, ਪਰ ਬੁੱਢੇ ਦਰਿਆ ਦੀ ਕਾਰ ਸੇਵਾ ਦੇ ਚੱਲਦਿਆ ਮਜ਼ਬੂਰੀ ਵੱਸ ਇਹ ਸਮਾਗਮ ਇੱਕ ਦਿਨ ਲਈ ਭਾਵ ਅੱਜ ਤੱਕ ਲਈ ਅੱਗੇ ਪਾਉਣਾ ਪਿਆ | ਸੰਤ ਸੀਚੇਵਾਲ ਨੇ ਦੱਸਿਆ ਕਿ ਆਪਣੇ ਅਖਤਿਆਰੀ ਫੰਡ ਵਿੱਚੋਂ ਹੁਣ ਤੱਕ ਪੰਜਾਬ ਦੇ 15 ਦੇ ਜ਼ਿਲ੍ਹਿਆਂ ਦੇ ਵੱਖ-ਵੱਖ ਪਿੰਡਾਂ ਨੂੰ ਤੱਕ ਪਾਣੀ ਦੇ 220 ਟੈਂਕਰ ਦਿੱਤੇ ਜਾ ਚੁੱਕੇ ਨੇ।

ਇਹਨਾਂ ਜ਼ਿਲ੍ਹਿਆ ਵਿੱਚ ਜਲੰਧਰ, ਕਪੂਰਥਲਾ, ਅੰਮ੍ਰਿਤਸਰ , ਤਰਨ-ਤਾਰਨ, ਫਰੀਦਕੋਟ, ਲੁਧਿਆਣਾ, ਮਾਨਸਾ, ਮੋਗਾ, ਕੋਟਕਪੂਰਾ, ਸ਼੍ਰੀ ਫਤਿਹਗੜ੍ਹ ਸਾਹਿਬ, ਸੰਗਰੂਰ, ਹੁਸ਼ਿਆਰਪੁਰ, ਮੁਕਤਸਰ ਸਾਹਿਬ, ਰੂਪਨਗਰ ਅਤੇ ਬਠਿੰਡਾ ਸ਼ਾਮਿਲ ਨੇ।

---------------------------------------------------------

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਜਲੰਧਰ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ 25 ਹੋਣਹਾਰ ਵਿਦਿਆਰਥੀਆਂ ਨੂੰ ਭਾਰਤੀ ਪੁਲਾੜ ਖੋਜ ਸੰਸਥਾ (ਇਸਰੋ) ਦੇ ਪ੍ਰਮੁੱਖ ਕੇਂਦਰ ਸਪੇਸ ਐਪਲੀਕੇਸ਼ਨ ਸੈਂਟਰ ਅਹਿਮਦਾਬਾਦ ਦੇ ਦੌਰੇ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸ਼ਹਿਰੀ ਵਿਕਾਸ ਬਾਰੇ ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਵੀ ਮੌਜੂਦ ਸਨ। ਸਥਾਨਕ ਰੈੱਡ ਕਰਾਸ ਭਵਨ ਤੋਂ 7ਵੀਂ,9ਵੀਂ ਅਤੇ 11ਵੀਂ ਕਲਾਸ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਰਵਾਨਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸਰੋ ਵਰਗੀਆਂ ਸੰਸਥਾਵਾਂ ਦੇ ਦੌਰੇ ਨਾਲ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੁਚੀ ਵਧੇਗੀ। ਉਨ੍ਹਾਂ ਕਿਹਾ ਕਿ ਇਹ ਵਿੱਦਿਅਕ ਯਾਤਰਾ ਉਨ੍ਹਾਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਵੇਗੀ ।

---------------------------------------------

ਪੰਜਾਬ 40 ਸਾਲਾਂ ਬਾਅਦ, ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰੇਗਾ। ਬੈਡਮਿੰਟਨ ਐਸੋਸੀਏਸ਼ਨ ਆਫ ਇੰਡੀਆ (BAI) ਨੇ 38ਵੀਂ ਸਬ-ਜੂਨੀਅਰ ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਪੰਜਾਬ ਨੂੰ ਸੌਂਪੀ ਏ। ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ, ਇਹ ਚੈਂਪੀਅਨਸ਼ਿਪ 9 ਤੋਂ 12 ਦਸੰਬਰ ਤੱਕ ਜਲੰਧਰ ਦੇ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਕਰਵਾਈ ਜਾਵੇਗੀ।

---------------------------------------------

ਕਪੂਰਥਲਾ ਵਿੱਚ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਾਇਆ ਗਿਆ ਵਿਰਾਸਤੀ ਮੇਲਾ 2026 ਅੱਜ ਖਤਮ ਹੋ ਗਿਆ ਏ। ਤਿੰਨ ਦਿਨ ਤੱਕ ਚੱਲੇ ਇਸ ਮੇਲੇ ਵਿੱਚ, ਸੱਭਿਆਚਾਰਕ ਪ੍ਰੋਗਰਾਮਾਂ ਅਤੇ ਕਲਾਕਾਰਾਂ ਦੀਆਂ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ।

---------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ‘ਚ ਚਲ ਰਹੇ ਟਕਰਾਅ 'ਤੇ ਅੱਜ ਲੋਕ ਸਭਾ ਵਿੱਚ ਬਿਆਨ ਦਿੱਤਾ. ਓਹਨਾਂ ਕਿਹਾ

ਕਿ  ਟਕਰਾਅ ਦੇ ਬਾਵਜੂਦ ਭਾਰਤ ਵਿੱਚ ਕੋਈ ਊਰਜਾ ਸੁਰੱਖਿਆ ਸੰਕਟ ਨਹੀਂ ਏ।

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਦੇ ਖੁਦਕੁਸ਼ੀ ਮਾਮਲੇ ਦੀ CBI ਜਾਂਚ ਦਾ ਵਾਅਦਾ ਕੀਤਾ ਏ.
- ਦੇਸ਼ ਅੱਜ ਭਾਰਤ ਦੀ ਆਜ਼ਾਦੀ ਦੀ ਜੰਗ ਦੇ ਆਪਣੇ ਤਿੰਨ ਮਹਾਨ ਸ਼ਹੀਦਾਂ - ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਿਵਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ - ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ. ਪੰਜਾਬ ‘ਚ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਅੱਜ ਪੰਜਾਬ 'ਚ ਸੂਬਾ ਪਧਰੀ ਸਮਾਗਮ ਫ਼ਿਰੋਜ਼ਪੁਰ ਵਿਖੇ ਹੋਇਆ.
- ਪੰਜਾਬ ਦੇ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ 25 ਹੋਣਹਾਰ ਵਿਦਿਆਰਥੀਆਂ ਨੂੰ ਭਾਰਤੀ ਪੁਲਾੜ ਖੋਜ ਸੰਸਥਾ ਦੇ ਪ੍ਰਮੁੱਖ ਕੇਂਦਰ ਸਪੇਸ ਐਪਲੀਕੇਸ਼ਨ ਸੈਂਟਰ ਦੇ ਦੌਰੇ ਲਈ ਰਵਾਨਾ ਕੀਤਾ ਗਿਆ।
- ਪੰਜਾਬ 40 ਸਾਲਾਂ ਬਾਅਦ, ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰੇਗਾ।

---------------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**